# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਵਾਰਡ ਨੰ 35 ਵਿੱਚ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਤਿਕਸ਼ਨ ਸੂਦ ਨੇ ਰਾਸ਼ਨ ਦੀ ਵੰਡ ਕੀਤੀ।

ਹੁਸ਼ਿਆਰਪੁਰ 4 ਅਕਤੂਬਰ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਆਟਾ ਦਾਲ ਸਕੀਮ ਤਹਿਤ ਸ਼ਹਿਰ ਦੇ ਗਰੀਬ ਅਤੇ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਡਿਪੂਆਂ ਤੇ ਕਣਕ ਦੀ ਵੰਡ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਵਾਰਡ ਨੰਬਰ 35 ਦੇ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਕਰਨ ਦੀ ਸ਼ੁਰੂਆਤ ਕਰਨ ਮੌਕੇ ਦਿੱਤੀ। ਉਹਨ੍ਹਾਂ ਦਸਿੱਆ ਕਿ ਪੰਜਾਬ ਸਰਕਾਰ ਦੀ ਆਟਾ ਦਾਲ ਸਕੀਮ ਤਹਿਤ 2 ਰੁਪਏ ਕਿਲੋ ਦੇ ਹਿਸਾਬ ਨਾਲ ਅਪ੍ਰੈਲ 2016 ਤੋਂ ਸਤਬੰਰ 2016 ਤੱਕ 6 ਮਹੀਨੇ ਦੀ ਬਣਦੀ ਕਣਕ ਦਿੱਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਗਰੀਬ ਪਰਿਵਾਰਾਂ ਦਾ ਜੀਵਨ ਪੱਧਰ ਉੱਚਾ ਚੁਕੱਣ ਲਈ ਵੱਖ-ਵੱਖ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਸਮੇਂ ਸਿਰ ਰਾਸ਼ਨ ਦੀ ਵੰਡ ਕੀਤੀ ਜਾ ਰਹੀ ਹੈ। ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਵਾਰਡ ਨੰਬਰ 35 ਦੇ ਕੌਂਸਲਰ ਨਿਪੁਨ ਸ਼ਰਮਾ, ਸਾਬਕਾ ਕੌਂਸਲਰ ਸੰਜੀਵ ਦੂਆ, ਗਿਆਨ ਬਾਂਸਲ, ਯਸ਼ਪਾਲ ਸ਼ਰਮਾ ਅਤੇ ਨੀਲੇ ਕਾਰਡ ਧਾਰਕ ਲਾਭਪਾਤਰੀ ਵੱਡੀ ਗਿਣਤੀ ਵਿੱਚ ਇਸ ਮੌਕੇ ਤੇ ਹਾਜਰ ਸਨ।